ਨੰ : ਸੀ. ਸਹਾਇਕ (ਅਮਲਾ)/ਆਰ. ਟੀ. ਆਈ. ਅਪੀਲ/ਸੰ:ਰ:ਜ:/.604. ਮਿਤੀ : 24-07-2020.
ਵਲੋਂ,

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਸੇਵਾ ਵਿਖੇ,

ਰਜਿਸਟਰਾਰ,
ਸਹਿਕਾਰੀ ਸਭਾਵਾਂ, ਪੰਜਾਬ,
ਚੰਡੀਗੜ।

ਵਿਸ਼ਾ :- ਆਰ. ਟੀ. ਆਈ. ਐਕਟ-2005 ਤਹਿਤ ਦਾਇਰ ਕੀਤੀ ਗਈ ਅਪੀਲ ਦਾ ਫੈਸਲਾ ਆੱਨ-ਲਾਈਨ ਕਰਨ ਬਾਰੇ।

ਆਰ. ਟੀ. ਆਈ. ਸ਼ਾਖਾ
ਡਾਇਰੀ ਨੰ. 578
ਮਿਤੀ: 28-8-2020

ਯਾਦ ਪੱਤਰ :

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਬੇਨਤੀ ਸਹਿਤ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਪਵਨ ਕੁਮਾਰ ਪੁੱਤਰ ਸ੍ਰੀ ਜੋਗਿੰਦਰ ਸਿੰਘ, ਪਿੰਡ ਤੇ ਡਾਕ: ਕੁਕਾਨੇਟ, ਜਿਲ੍ਹਾ ਹੁਸ਼ਿਆਰਪੁਰ ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਰਾਹੀਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਅਦਾਲਤ ਵਿੱਚ ਅਪੀਲ ਦਾਇਰ ਕੀਤੀ ਗਈ ਸੀ। ਇਸ ਅਪੀਲ ਦਾ ਫੈਸਲਾ ਇਸ ਅਦਾਲਤ ਵਲੋਂ ਮਿਤੀ : 03.07.2020 ਨੂੰ ਕਰ ਦਿੱਤਾ ਗਿਆ ਹੈ।

ਡਾਇਰੈਕਟੋਰੇਟ, ਪ੍ਰਸ਼ਾਸਨਿਕ ਸੁਧਾਰ, ਪੰਜਾਬ (ਆਰ .ਟੀ .ਆਈ .ਨੋਡਲ ਸੈਲ-ਪੰਜਾਬ ਸਿਵਲ ਸਕੱਤਰੇਤ-2) ਸੈਕਟਰ-9, ਚੰਡੀਗੜ ਜੀ ਵਲੋਂ ਜਾਰੀ ਪੱਤਰ ਨੰ : ਅੰ. ਵਿ ਪੱ ਨੰ: 51/8/2014/2 ਆਰ. ਟੀ. ਆਈ. ਐਨ. ਸੀ. / 162, ਮਿਤੀ : 29.06.2015, ਜੋ ਮੁੱਖ-ਦਫਤਰ ਦੇ ਪਿੱਠ ਅੰਕਣ ਨੰ : ਅਮਲਾ/ ਅਸਗ-2/ ਆਰ. ਟੀ. ਆਈ. / 7698, ਮਿਤੀ : 29.06.2015 ਰਾਹੀਂ ਇਸ ਦਫਤਰ ਵਿੱਚ ਪ੍ਰਾਪਤ ਹੋਇਆ, ਰਾਹੀਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸ੍ਰੀ ਪਵਨ ਕੁਮਾਰ (ਅਪੀਲਕਰਤਾ) ਵਲੋਂ ਦਾਇਰ ਕੀਤੀ ਗਈ ਅਪੀਲ ਅਤੇ ਇਸ ਅਦਾਲਤ ਵਲੋਂ ਕੀਤੇ ਗਏ ਫੈਸਲਾ ਮਿਤੀ : 03.07.2020 ਦੀ ਤਸਦੀਕਸ਼ੁਦਾ ਕਾਪੀ ਇਸ ਪੱਤਰ ਨਾਲ ਨੱਥੀ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਹ ਦਸਤਾਵੇਜ਼ ਵਿਭਾਗ ਦੀ ਵੈਬ-ਸਾਈਟ ਤੇ ਆੱਨ-ਲਾਈਨ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ ਜੀ।

ਸਹਿਪੱਤਰ/ ਉਪਰੋਕਤ ਅਨੁਸਾਰ।

ਸੰਯੁਕਤ ਰਜਿਸਟਰਾਰ
(ਐਪੀਲਾਂਟ ਅਥਾਰਟੀ)
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਨੰ : ਸੀ.ਸਹਾਇਕ (ਅਮਲਾ)/ ਸੰ:ਰ:ਜ:/ 606
ਵਲੋਂ,

ਮਿਤੀ : 24-07-2020

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਵੱਲ,

1. ਸ੍ਰੀ ਪ੍ਰਦੀਪ ਸਿੰਘ ਪੁੱਤਰ ਸ੍ਰੀ ਕਿਰਪਾਲ ਸਿੰਘ,
   ਪਿੰਡ ਤੇ ਡਾਕ: ਉਗੀ, ਤਹਿ: ਨਕੋਦਰ,
   ਜ਼ਿਲ੍ਹਾ ਜਲੰਧਰ - 144623.
2. ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ),
   ਸਹਿਕਾਰੀ ਸਭਾਵਾਂ, ਜਲੰਧਰ।

ਵਿਸ਼ਾ :- ਰਾਈਟ ਟੂ ਇਨਫਰਮੇਸ਼ਨ ਐਕਟ-2005 ਦੇ ਸੈਕਸ਼ਨ 19 ਤਹਿਤ ਅਪੀਲ (ਵਲੋਂ ਸ੍ਰੀ ਪ੍ਰਦੀਪ ਸਿੰਘ ਪੁੱਤਰ ਸ੍ਰੀ ਕਿਰਪਾਲ ਸਿੰਘ)।

ਹਾਜਰੀ ਮਿਤੀ : 26.06.2020 :

1. ਸ੍ਰੀ ਪ੍ਰਦੀਪ ਸਿੰਘ, ਅਪੀਲਕਰਤਾ,
2. ਸ੍ਰੀ ਰਾਜਵਿੰਦਰ ਸਿੰਘ, ਜੂਨੀਅਰ ਸਹਾਇਕ ਦਫਤਰ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਨਕੋਦਰ।

ਹੁਕਮ :

ਮਿਸਲ ਸੁਣਵਾਈ ਲਈ ਪੇਸ਼ ਹੋਈ। ਅਪੀਲਕਰਤਾ ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ - 2005 ਤਹਿਤ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਮਿਤੀ : 04.02.2020 ਰਾਹੀਂ ਉਪ ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਜਲੰਧਰ ਪਾਸੋਂ ਦੀ ਉਗੀ ਸਹਿਕਾਰੀ ਖੇਤੀਬਾੜੀ ਬਹੁਮੰਤਵੀ ਸੇਵਾ ਸਭਾ ਲਿਮ:, ਉਗੀ, ਤਹਿ: ਨਕੋਦਰ, ਜ਼ਿਲ੍ਹਾ ਜਲੰਧਰ ਨਾਲ ਸਬੰਧਤ ਸੂਚਨਾ ਉਸਨੂੰ ਪ੍ਰਾਪਤ ਨਾ ਹੋਣ ਕਾਰਨ ਇਸ ਅਦਾਲਤ ਵਿੱਚ ਮਿਤੀ : 21.05.2020 ਨੂੰ ਅਪੀਲ ਦਾਇਰ ਕੀਤੀ ਗਈ।

ਉਕਤ ਅਪੀਲ ਦੀ ਸੁਣਵਾਈ ਵਾਸਤੇ ਦੋਵਾਂ ਧਿਰਾਂ ਨੂੰ ਨੋਟਿਸ ਜਾਰੀ ਕੀਤਾ ਗਿਆ ਅਤੇ ਵੱਖ-ਵੱਖ ਮਿਤੀਆਂ ਨੂੰ ਅਪੀਲ ਦੀ ਸੁਣਵਾਈ ਕੀਤੀ ਗਈ।

ਮਿਤੀ: 17.06.2020 ਨੂੰ ਅਪੀਲ ਦੀ ਸੁਣਵਾਈ ਦੌਰਾਨ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰ ਸਭਾਵਾਂ ਜਲੰਧਰ ਦਫਤਰ ਵਲੋਂ ਹਾਜਰ ਆਏ ਸ੍ਰੀ ਬਹਾਦੁਰ ਸਿੰਘ, ਜੂਨੀਅਰ ਸਹਾਇਕ ਵਲੋਂ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਨਕੋਦਰ ਵਲੋਂ ਜਾਰੀ ਪੱਤਰ ਨੰ : ਜ:ਸਹਾਇਕ/ ਸ.ਰ.ਨ./ 62, ਮਿਤੀ : 09.03.2020 (ਜੋ ਕਿ ਉਪ-ਰਜਿਸਟਰਾਰ ਸਹਿਕਾਰੀ ਸਭਾਵਾਂ ਜਲੰਧਰ ਐਡਰੈਸ ਹੈ) ਪੇਸ਼ ਕੀਤਾ ਗਿਆ, ਜਿਸ ਅਨੁਸਾਰ ਰਿਪੋਰਟ ਕੀਤੀ ਗਈ ਕਿ ਦੀ ਉਗੀ ਸਹਿਕਾਰੀ ਖੇਤੀਬਾੜੀ ਬਹੁਮੰਤਵੀ ਸਭਾ ਲਿਮ: ਉਗੀ ਦੇ ਕੈਸ਼ੀਅਰ/ ਸੇਲਜ਼ਮੈਨ ਸ੍ਰੀ ਹਰਪ੍ਰੀਤਪਾਲ ਸਿੰਘ ਨੇ ਸਭਾ ਵਿੱਚ ਘਪਲਾ ਕੀਤਾ ਹੈ, ਜਿਸਦੀ ਪੜਤਾਲ ਹਲਕਾ ਨਰੀਖਕ ਵਲੋਂ ਕੀਤੀ ਜਾ ਰਹੀ ਹੈ। ਇਸ ਤੋਂ

........2........

ਇਲਾਵਾ ਇਸ ਪੱਤਰ ਰਾਹੀਂ ਇਹ ਵੀ ਰਿਪੋਰਟ ਕੀਤੀ ਗਈ ਕਿ ਸ੍ਰੀ ਹਰਪ੍ਰੀਤ ਸਿੰਘ, ਕੈਸ਼ੀਅਰ/ ਸੇਲਜ਼ਮੈਨ ਨੂੰ ਨੋਟਿਸ ਜਾਰੀ ਕੀਤੇ ਗਏ ਹਨ ਅਤੇ ਉਸ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ। ਅਪੀਲ ਦੀ ਸੁਣਵਾਈ ਦੌਰਾਨ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰ ਸਭਾਵਾਂ ਜਲੰਧਰ ਨੂੰ ਹਦਾਇਤ ਕੀਤੀ ਗਈ ਕਿ ਇਸ ਮਾਮਲੇ ਬਾਰੇ ਸਬੰਧਤ ਨਰੀਖਕ ਵਲੋਂ ਪੜਤਾਲ ਮੁਕੰਮਲ ਕੀਤੀ ਜਾ ਚੁੱਕੀ ਹੈ। ਇਸ ਲਈ ਅਪੀਲਕਰਤਾ ਵਲੋਂ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਅਨੁਸਾਰ ਮੰਗੀ ਗਈ ਸੂਚਨਾ ਉਸਨੂੰ ਤੁਰੰਤ ਡਲਿਵਰ ਕਰਵਾ ਕੇ ਅਪੀਲ ਦੀ ਅਗਲੀ ਸੁਣਵਾਈ ਮਿਤੀ : 26.06.2020 ਨੂੰ ਸਬੰਧਤ ਰੀਕਾਰਡ ਸਹਿਤ ਇਸ ਅਦਾਲਤ ਵਿੱਚ ਹਾਜ਼ਰ ਆ ਕੇ ਆਪਣਾ ਪੱਖ ਪੇਸ਼ ਕੀਤਾ ਜਾਵੇ।

ਮਿਤੀ : 26.06.2020 ਨੂੰ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰ ਸਭਾਵਾਂ ਜਲੰਧਰ ਦਫਤਰ ਵਲੋਂ ਹਾਜ਼ਰ ਆਏ ਸ੍ਰੀ ਬਹਾਦੁਰ ਸਿੰਘ, ਜੂਨੀਅਰ ਸਹਾਇਕ ਵਲੋਂ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਨਕੋਦਰ ਵਲੋਂ ਜਾਰੀ ਪੱਤਰ ਨੰ : ਜ:ਸਹਾਇਕ/ ਸ.ਰ.ਨ./ 117, ਮਿਤੀ : 25.06.2020 (ਜੋ ਕਿ ਉਪ-ਰਜਿਸਟਰਾਰ ਸਹਿਕਾਰੀ ਸਭਾਵਾਂ ਜਲੰਧਰ ਐਡਰੈਸ ਹੈ) ਪੇਸ਼ ਕੀਤਾ ਗਿਆ, ਜਿਸ ਅਨੁਸਾਰ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਨਕੋਦਰ ਵਲੋਂ ਅਪੀਲਕਰਤਾ ਵਲੋਂ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਮਿਤੀ : 04.02.2020 ਅਨੁਸਾਰ ਮੰਗੀ ਗਈ ਸੂਚਨਾ ਉਸਨੂੰ ਮਿਤੀ : 26.06.2020 ਨੂੰ ਡਲਿਵਰ ਕਰਵਾਈ ਜਾ ਚੁੱਕੀ ਹੈ। ਇਸ ਪੱਤਰ ਨਾਲ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਨਕੋਦਰ ਵਲੋਂ ਪ੍ਰਾਰਥੀ ਨੂੰ ਸਪਲਾਈ ਕੀਤੀ ਗਈ ਸੂਚਨਾ ਦੀ ਫੋਟੋਸਟੇਟ ਕਾਪੀ ਨੱਥੀ ਕੀਤੀ ਗਈ ਹੈ, ਜਿਸ ਤੇ ਅਪੀਲਕਰਤਾ ਵਲੋਂ ਮਿਤੀ : 26.06.2020 ਨੂੰ ਸੂਚਨਾ ਪ੍ਰਾਪਤ ਕਰਨ ਸਬੰਧੀ ਰਸੀਦ ਦਰਜ ਹੈ। ਅਪੀਲ ਦੀ ਸੁਣਵਾਈ ਦੌਰਾਨ ਅਪੀਲਕਰਤਾ ਵਲੋਂ ਉਸਨੂੰ ਮਿਤੀ : 26.06.2020 ਨੂੰ ਸਪਲਾਈ ਕੀਤੀ ਗਈ ਸੂਚਨਾ ਬਾਰੇ ਸੰਤੁਸ਼ਟੀ ਪ੍ਰਗਟ ਕੀਤੀ ਗਈ।

ਅਪੀਲਕਰਤਾ ਵਲੋਂ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰ ਸਭਾਵਾਂ ਜਲੰਧਰ ਪਾਸੋਂ ਸੂਚਨਾ ਲੈਣ ਸਬੰਧੀ ਦਿੱਤੀ ਗਈ ਦਰਖਾਸਤ ਮਿਤੀ : 04.02.2020 ਰਾਹੀਂ ਮੰਗੀ ਗਈ ਸੂਚਨਾ ਅਪੀਲਕਰਤਾ ਨੂੰ ਮਿਤੀ : 26.06.2020 ਨੂੰ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਨਕੋਦਰ ਵਲੋਂ ਸਪਲਾਈ ਕੀਤੀ ਜਾ ਚੁੱਕੀ ਹੈ। ਉਕਤ ਨੂੰ ਮੁੱਖ ਰੱਖਦੇ ਹੋਏ ਅਪੀਲ ਡਿਸਪੋਜ਼ ਆਫ ਕੀਤੀ ਜਾਂਦੀ ਹੈ।

ਮਿਤੀ : 26.06.2020.

(ਐਪੀਲਾਂਟ ਅਥਾਰਟੀ)
ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।